# ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ

(ਮਾਈਕਰੋਸਾਫ਼ਟ ਬਿਲਡਿੰਗ) ਨੇੜੇ ਗੁਰਦੁਆਰਾ ਸਾਚਾ-ਧੰਨ
ਫੇਜ਼ 3 ਬੀ -1 ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)
**www.educationrecruitmentboard.com**

## ਬਾਰਡਰ ਏਰੀਆ ਲਈ ਜਨਤਕ ਨਿਯੁਕਤੀਆਂ

**ਵਿਗਿਆਪਨ ਨੰ.: 202074945** **ਮਿਤੀ: 28.02.2020**

ਸਿੱਖਿਆ ਵਿਭਾਗ ਪੰਜਾਬ ਵੱਲੋਂ ਅੰਗਰੇਜੀ ਮਾਸਟਰ/ਮਿਸਟ੍ਰੈਸ ਦੀਆਂ 880 ਅਸਾਮੀਆਂ(ਬਾਰਡਰ ਏਰੀਆ ਲਈ) ਨੂੰ ਭਰਨ ਸਬੰਧੀ ਯੋਗ ਉਮੀਦਵਾਰਾਂ ਪਾਸੋਂ ਵਿਭਾਗ ਦੀ ਵੈਬਸਾਈਟ **www.educationrecruitmentboard.com** ਤੇ ਆਨਲਾਈਨ ਦਰਖਾਸਤਾਂ ਦੀ ਮੰਗ ਮਿਤੀ 29.02.2020 ਤੋਂ ਕੀਤੀ ਜਾਂਦੀ ਹੈ। ਇਨ੍ਹਾਂ ਅਸਾਮੀਆਂ ਦੀ ਕੈਟਾਗਰੀ ਵਾਈਜ਼ ਵੰਡ ਹੇਠ ਅਨੁਸਾਰ ਹੈ:-

### 1. ਕੈਟਾਗਰੀ ਵਾਈਜ਼ ਅਸਾਮੀਆਂ ਦੀ ਵੰਡ-

| ਲੜੀ ਨੰ: | ਕੈਟਾਗਰੀ | ਅਸਾਮੀਆਂ |
|---|---|---|
| 1 | ਜਨਰਲ | 343 |
| 2 | ਅਨੁਸੂਚਿਤ ਜਾਤੀ(ਐਮ.ਤੇ ਬੀ) | 88 |
| 3 | ਅਨੁਸੂਚਿਤ ਜਾਤੀ (ਆਰ.ਤੇ ੳ) | 88 |
| 4 | ਅਨੁਸੂਚਿਤ ਜਾਤੀ (ਸਾਬਕਾ ਫੌਜੀ)(ਐਮ.ਤੇ ਬੀ) | 18 |
| 5 | ਅਨੁਸੂਚਿਤ ਜਾਤੀ(ਸਾਬਕਾ ਫੌਜੀ) (ਆਰ.ਤੇ ੳ) | 18 |
| 6 | ਅਨੁਸੂਚਿਤ ਜਾਤੀ(ਖਿਡਾਰੀ) (ਐਮ ਤੇ ਬੀ | 4 |
| 7 | ਅਨੁਸੂਚਿਤ ਜਾਤੀ(ਖਿਡਾਰੀ) (ਆਰ ਤੇ ੳ) | 5 |
| 8 | ਪੱਛੜੀਆਂ ਸ੍ਰੇਣੀਆਂ | 88 |
| 9 | ਪੱਛੜੀਆਂ ਸ੍ਰੇਣੀਆਂ (ਸਾਬਕਾ ਫੌਜੀ) | 17 |
| 10 | ਖਿਡਾਰੀ (ਜਨਰਲ) | 17 |
| 11 | ਅਜਾਦੀ ਘੁਲਾਟੀਏ | 9 |
| 12 | ਸਾਬਕਾ ਫੌਜੀ (ਜਨਰਲ) | 62 |
| 13 | **ਅੰਗਹੀਣ:**<br>1 **Visual Impaired**<br>**2 Hearing Impaired**<br>**3 Orthopedically Disabled**<br>**4 Intellectual Disability( including Autism and one percent specific learning disability and mental illness Or Multiple disability specified in serial no. 1 to 4 above, including deaf-blindness)** | <br>9<br>9<br>9<br>8 |
| 14 | **Economically Weaker Section for General Category** | 88 |
| | ਕੁੱਲ ਜੋੜ | 880 |

### 2. ਵਿਦਿਅਕ ਯੋਗਤਾਵਾਂ:-

1. ਅੰਗਰੇਜੀ ਮਾਸਟਰ/ਮਿਸਟ੍ਰੈਸ

(i) Should have passed Graduation with minimum forty-five percent marks in the case of the persons from the General category; and

(ii) with minimum forty percent marks in the case of the persons from the Scheduled Castes, Scheduled Tribes, other Backward Classes, Backward Classes and Physically Handicapped category, from a

28/2/20

recognized university or institution and should have studied English as an elective subject for a period of three years;

or

Should have studied Functional English, English Literature, B.A. Honours (English), B.A. (Honours) English in Graduation; or its equivalent; or Should have passed Post Graduation in English; and

(iii) Should have passed B.Ed. from a recognized university or institution with English as one of the teaching subjects as per University Grants Commission guidelines.

ਉਪਰੋਕਤ ਵਿਦਿਅਕ ਯੋਗਤਾਵਾਂ ਤੋਂ ਇਲਾਵਾ ਮਾਸਟਰ/ਮਿਸਟ੍ਰੈਸ ਅਧਿਆਪਕ ਦੀ ਅਸਾਮੀ ਲਈ ਉਮੀਦਵਾਰਾਂ ਵੱਲੋਂ R.T.E. Act ਤਹਿਤ ਪੰਜਾਬ ਸਰਕਾਰ ਦੁਆਰਾ ਲਿਆ ਗਿਆ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-II (P.S.T.E.T.- II) ਪਾਸ ਕੀਤਾ ਹੋਣਾ ਲਾਜ਼ਮੀ ਹੈ।

**3. ਚੋਣ ਦਾ ਢੰਗ:-**

ਇਨ੍ਹਾਂ ਅਸਾਮੀਆਂ ਦੀ ਭਰਤੀ ਕਰਨ ਸਬੰਧੀ ਸਟੇਟ ਪੱਧਰ ਤੇ ਇੱਕ ਲਿਖਤੀ ਟੈਸਟ ਲਿਆ ਜਾਵੇਗਾ।ਜਿਸ ਵਿੱਚ ਸਬੰਧਤ ਵਿਸ਼ੇ ਵਿੱਚ 150 ਅੰਕਾਂ ਦਾ ਟੈਸਟ ਲਿਆ ਜਾਵੇਗਾ ਜੋ ਇਨ੍ਹਾਂ ਅਸਾਮੀਆਂ ਲਈ ਦਰਸਾਈਆਂ ਗਈਆਂ ਵਿਦਿਅਕ/ਪ੍ਰੋਫੈਸ਼ਨਲ ਯੋਗਤਾਵਾਂ ਲਈ ਨਿਰਧਾਰਿਤ ਹੋਰ ਸ਼ਰਤਾਂ ਪੂਰੀਆਂ ਕਰਦੇ ਹੋਣਗੇ ਉਨ੍ਹਾਂ ਉਮੀਦਵਾਰਾਂ ਦੀ ਮੈਰਿਟ ਨਿਰੋਲ ਲਿਖਤੀ ਟੈਸਟ ਦੇ ਅਧਾਰ ਤੇ ਬਣਾਈ ਜਾਵੇਗੀ।ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ- II (P.S.T.E.T.- II) ਦੇ ਨੰਬਰ ਮੈਰਿਟ ਵਿੱਚ ਨਹੀਂ ਜੋੜੇ ਜਾਣਗੇ।

(ਜੇਕਰ ਇੱਕ ਤੋਂ ਵੱਧ ਉਮੀਦਵਾਰਾਂ ਦੇ ਲਿਖਤੀ ਟੈਸਟ ਵਿੱਚੋਂ ਬਰਾਬਰ ਅੰਕ ਆਉਂਦੇ ਹਨ ਤਾਂ ਜਿਸ ਉਮੀਦਵਾਰ ਦੀ ਉਮਰ ਵੱਧ ਹੋਵੇਗੀ, ਉਸ ਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ ਅਤੇ ਜੇਕਰ ਇਕ ਤੋਂ ਵੱਧ ਉਮੀਦਵਾਰਾਂ ਦੇ ਅੰਕ ਅਤੇ ਉਮਰ ਦੋਨੋਂ ਇੱਕੋ ਜਿਹੇ ਹੋਣ ਤਾਂ ਉਮੀਦਵਾਰ ਦੇ ਗ੍ਰੈਜੂਏਸ਼ਨ ਵਿੱਚ ਵੱਧ ਪ੍ਰਤੀਸ਼ਤ ਅੰਕ ਹੋਣਗੇ, ਉਸ ਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ)।

**4. ਅਦਾਇਗੀ ਯੋਗ ਰਕਮ:-**

ਤਨਖਾਹ 10300/- ਰੁਪਏ ਪ੍ਰਤੀ ਮਹੀਨਾ ਅਦਾ ਕੀਤੀ ਜਾਵੇਗੀ।

ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ (ਪ੍ਰਸੋਨਲ ਪਾਲਿਸੀਜ਼-1 ਬਰਾਂਚ) ਦੀ ਨੋਟੀਫਿਕੇਸ਼ਨ ਨੰ. G.S.R.-56/Const-/Art.309/Amd.(18)/2016, ਮਿਤੀ 05.09.2016 ਅਨੁਸਾਰ ਪ੍ਰੋਬੇਸ਼ਨ ਪੀਰੀਅਡ ਹੋਵੇਗਾ। ਬਾਕੀ ਸ਼ਰਤਾਂ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਮਿਤੀ 15.01.2015 ਦੇ ਅਨੁਸਾਰ ਹੋਣਗੀਆਂ।

**5. ਉਮਰ ਸੀਮਾ:-**

i. ਮਿਤੀ 01.01.2020 ਨੂੰ ਉਮਰ 18 ਤੋਂ 37 ਸਾਲ ਦੇ ਦਰਮਿਆਨ ਹੋਵੇ।

ii. ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾ ਦੀ ਹੱਦ ਵਿੱਚ 5 ਸਾਲ ਦੀ ਛੋਟ ਹੋਵੇਗੀ।

28/2/2020

iii. ਪੰਜਾਬ, ਹੋਰ ਰਾਜਾਂ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਦੀ ਉਪਰਲੀ ਸੀਮਾ ਦੀ ਹੱਦ 45 ਸਾਲ ਤੱਕ ਹੋਵੇਗੀ।

iv. ਪੰਜਾਬ ਰਾਜ ਦੀਆਂ ਵਿਧਵਾ ਅਤੇ ਤਲਾਕਸ਼ੁਧਾ ਔਰਤਾਂ ਦੀ ਉਪਰਲੀ ਉਮਰ ਸੀਮਾ ਦੀ ਹੱਦ ਵਿੱਚ 42 ਸਾਲ ਦੀ ਛੋਟ ਹੋਵੇਗੀ।

v. ਪੰਜਾਬ ਦੇ ਵਸਨੀਕ ਵਿਕਲਾਂਗਾ ਦੀ ਉਮਰ ਹੱਦ ਸੀਮਾ ਦੀ ਹੱਦ ਵਿੱਚ 10 ਸਾਲ ਦੀ ਛੋਟ ਹੋਵੇਗੀ।

vi. ਪੰਜਾਬ ਦੇ ਸਾਬਕਾ ਫੌਜੀਆਂ ਵੱਲੋਂ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਸੀਮਾ ਤੋਂ ਤਿਮਨ ਸਾਲ ਵੱਧ ਹੋਵੇਗੀ ਤਾਂ ਉਨ੍ਹਾਂ ਨੂੰ ਉਮਰ ਸੀਮਾ ਦੀਆਂ ਸ਼ਰਤਾਂ ਤੇ ਸੰਤੁਸ਼ਟਤਾ ਦੇਣੀ ਪਵੇਗੀ।

## 6. ਬਿਨੈ-ਪੱਤਰ ਦੀ ਪ੍ਰੋਸੈਸਿੰਗ ਫੀਸ:-

| | | |
|---|---|---|
| 1. | ਜਨਰਲ ਅਤੇ ਹੋਰ ਕੈਟਾਗਰੀ ਦੇ ਉਮੀਦਵਾਰ ਲਈ | :1000 ਰੁਪਏ |
| 2. | ਰਿਜ਼ਰਵ ਕੈਟਗਾਰੀ(ਐਸ.ਸੀ./ਐਸ.ਟੀ.) | :500 ਰੁਪਏ |
| 3. | ਸਬਾਕਾ ਸੈਨਿਕ (ਖੁੱਦ) | : ਕੋਈ ਨਹੀਂ |

ਨੋਟ:-

(ੳ) ਸਾਬਕਾ ਸੈਨਿਕ(ਖੁਦ) ਨੂੰ ਫੀਸ ਦੀ ਅਦਾਇਗੀ ਤੋਂ ਛੋਟ ਹੋਵੇਗੀ, ਬਸ਼ਰਤੇ ਕਿ ਉਨ੍ਹਾਂ ਨੂੰ ਭਾਰਤ ਸਰਕਾਰ ਵੱਲੋਂ ਨੌਕਰੀ ਦੌਰਾਨ ਜਾਂ ਨਿਸਚਿਤ ਆਮ ਅਰਸਾ ਮੁਕੰਮਲ ਹੋਣ ਤੋਂ ਪਹਿਲਾਂ ਜਾਂ ਖੁੱਦ ਦੀ ਪ੍ਰਤੀ ਬੇਨਤੀ ਤੇ ਨੌਕਰੀ ਤੋਂ ਫਾਰਗ /ਡਿਸਚਾਰਜ ਨਾਂ ਕੀਤਾ ਗਿਆ ਹੋਵੇ।ਸਾਬਕਾ ਸੈਨਿਕਾਂ ਦੇ ਆਸਰਿਤਾਂ ਨੂੰ ਲੋੜੀਂਦੀ ਨਿਰਧਾਰਿਤ ਫੀਸ ਦੀ ਅਦਾਇਗੀ ਕਰਨੀ ਹੋਵੇਗੀ ਅਤੇ ਇਸ ਅਸਾਮੀ ਲਈ Lineal Descendant Certificate (LDC)ਅਸਲ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਜਮ੍ਹਾਂ ਕਰਵਾਉਣਾ ਹੋਵੇਗਾ।

(ਅ) ਪੰਜਾਬ ਦੇ ਵਸਨੀਕ ਵਿਕਲਾਂਗ ਉਮੀਦਵਾਰਾਂ ਵੱਲੋਂ ਉਪਰੋਕਤ ਅਨੁਸਾਰ ਉਹੀ ਫੀਸ ਜਮ੍ਹਾਂ ਕਰਵਾਈ ਜਾਵੇਗੀ,ਜਿਸ ਵਰਗ/ਸ਼੍ਰੇਣੀ ਨਾਲ ਉਹ ਸਬੰਧ ਰੱਖਦੇ ਹਨ।

(ੲ) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫ਼ੀ/ਛੋਟ ਨਹੀਂ ਦਿੱਤੀ ਜਾਵੇਗੀ ਸਿਵਾਏ ਸਾਬਕਾ ਸੈਨਿਕ(ਖੁਦ) ਅਤੇ ਫੀਸ ਨਾਂ ਭੇਜਣ ਦੀ ਹਾਲਤ ਵਿੱਚ ਉਸ ਦੀ ਪਾਤਰਤਾ ਰੱਦ ਸਮਝੀ ਜਾਵੇਗੀ।

(ਸ) **ਉਮੀਦਵਾਰ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਫੀਸ ਦੀ ਰਸੀਦ ਪੇਸ਼ ਕਰਨਗੇ।**

## 7. ਆਮ ਸ਼ਰਤਾਂ:-

i. ਜਿਹੜੇ ਉਮੀਦਵਾਰ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦੇ ਰਾਖਵਾਂਕਰਨ ਦਾ ਲਾਭ ਲੈਣਾ ਚਾਹੁੰਦੇ ਹਨ, ਉਨ੍ਹਾਂ ਦੇ ਜਾਤੀ ਸਰਟੀਫਿਕੇਟ ਜੋ ਕਿ ਸਬੰਧਤ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤੇ ਗਏ ਹੋਣ,ਵਿੱਚ ਜਾਤੀ ਸਪੱਸ਼ਟ ਤੌਰ ਤੇ ਲਿਖੀ ਹੋਵੇ। ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੀ ਉਹ ਇਸਤਰੀ ਉਮੀਦਵਾਰ, ਜਿਨ੍ਹਾਂ ਦੇ ਸਰਟੀਫਿਕੇਟ ਵਿਆਹ ਉਪਰੰਤ ਪਤੀ ਦੇ ਨਾਮ ਤੇ ਬਣੇ ਹਨ, ਉਨ੍ਹਾਂ ਇਸਤਰੀ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਉਹ ਸਰਟੀਫਿਕੇਟ,ਜਿਸ ਵਿੱਚ ਪਿਤਾ ਦਾ ਨਾਮ ਦਰਜ ਹੈ ਜਾਂ ਪਿਤਾ ਦਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਸਬੂਤ ਵਜੋਂ ਪੇਸ਼ ਕਰਨਾ ਹੋਵੇਗਾ।ਜੇਕਰ ਉਹ ਇਹ

28/2/20

ਸਰਟੀਫਿਕੇਟ ਪੇਸ਼ ਨਹੀਂ ਕਰਦੀ ਤਾਂ ਉਸਦੀ ਪਾਤਰਤਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਜਿਹੋ ਜਿਹਾ ਵੀ ਕੇਸ ਹੋਵੇ, ਵਿੱਚ ਨਹੀਂ ਵਿਚਾਰੀ ਜਾਵੇਗੀ।ਅਨੁਸੂਚਿਤ ਜਾਤੀ ਦਾ ਰਾਖਵਾਂਕਰਨ ਪੰਜਾਬ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ (ਨੌਕਰੀਆਂ ਵਿੱਚ ਰਾਖਵਾਂਕਰਨ) ਐਕਟ, 2006 ਅਨੁਸਾਰ ਹੋਵੇਗਾ, ਪਰੰਤੂ ਉਨ੍ਹਾਂ ਦੀ ਚੋਣ ਇਸ ਸਬੰਧ ਵਿਚ ਮਾਣਯੋਗ ਸੁਪਰੀਮ ਕੋਰਟ ਵਿਖੇ ਪੈਡਿੰਗ ਕੇਸ **SLP(CIVIL) No.23507 of 2010 in CWP NO 18290 OF 2009,** ਪੰਜਾਬ ਸਰਕਾਰ ਅਤੇ ਹੋਰ ਬਨਾਮ ਦਵਿੰਦਰ ਸਿੰਘ ਅੰਤੇ ਹੋਰ ਦੇ ਅੰਤਿਮ ਫੈਸਲੇ ਦੇ ਨਿਰਭਰ ਹੋਵੇਗੀ।

ii. ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਉਦੋਂ ਤੱਕ ਵੈਲਿਡ ਮੰਨਿਆ ਜਾਵੇਗਾ, ਜਦੋਂ ਤੱਕ ਪ੍ਰਾਰਥੀ ਕਰੀਮੀਲੇਅਰ ਦੇ ਦਾਇਰੇ ਵਿਚ ਨਹੀਂ ਆ ਜਾਂਦਾ।ਪੱਛੜੀ ਸ਼੍ਰੇਣੀ ਦਾ ਲਾਭ ਪ੍ਰਾਪਤ ਕਰਨ ਲਈ ਉਮੀਦਵਾਰ ਨੂੰ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਆਪਣੀ ਪ੍ਰਤੀ ਬੇਨਤੀ ਦੇ ਨਾਲ ਇਕ ਘੋਸ਼ਣਾ ਪੱਤਰ ਦੇਣਾ ਪਵੇਗਾ ਕਿ ਉਸ ਦੇ ਸਟੇਟਸ ਵਿੱਚ ਕੋਈ ਤਬਦੀਲੀ ਨਹੀਂ ਆਈ ਅਤੇ ਉਹ ਕਰੀਮੀਲੇਅਰ ਦੇ ਦਾਇਰੇ ਵਿੱਚ ਨਹੀਂ ਆਉਂਦਾ।

iii. ਸਾਬਕਾ ਸੈਨਿਕ ਕੋਟੇ ਅਧੀਨ ਰਾਖਵਾਂਕਰਨ ਕੇਵਲ ਪੰਜਾਬ ਦੇ ਵਸਨੀਕਾ ਤੇ ਹੀ ਲਾਗੂ ਹੋਵੇਗਾ।ਜੇਕਰ ਸਾਬਕਾ ਸੈਨਿਕ ਖੁਦ ਉਮੀਦਵਾਰ ਨਾ ਹੋਵੇ, ਤਾਂ ਇਹ ਰਾਖਵਾਂਕਰਨ ਆਸ਼ਰਿਤਾਂ ਲਈ ਲਾਗੂ ਹੋਵੇਗਾ।ਅਜਿਹੇ ਸਾਬਕਾ ਸੈਨਿਕ/ਆਸ਼ਰਿਤ ਸੈਨਿਕ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਪੇਸ਼ ਕਰਨਗੇ।

iv. ਸਵੰਤਰਤਾ ਸੈਨਾਨੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰ, ਸਰਕਾਰ ਦੇ ਪੱਤਰ ਨੰ:16/57-97-8ਪੀ-3/ਸਪੇ 503 ਮਿਤੀ 27.11.2000 ਅਨੁਸਾਰ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ ਅਸਲ ਦਸਤਾਵੇਜਾਂ ਦੀ ਸਕਰੂਟਨੀ ਦੇ ਸਮੇਂ ਪੇਸ਼ ਕਰਨਗੇ।

v. ਖਿਡਾਰੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਸਰਟੀਫਿਕੇਟ ਪੇਸ਼ ਕਰਨਾ ਹੋਵੇਗਾ ਜਿਸਦੀਡਾਇਰੈਕਟਰ ਸਪੋਰਟਸ ਪੰਜਾਬ. ਵਲੋਂ ਗਰੇਡਏਸ਼ਨ ਕੀਤੀ ਹੋਵੇ। ਸਪੋਰਟਸ ਕੈਟਾਗਿਰੀ ਵਿਚ ਸਿਰਫ ਸਪੋਰਟਸ ਮੈਰਿਟ ਨੂੰ ਹੀ ਆਧਾਰ ਮੰਨਿਆ ਜਾਵੇਗਾਜੋਡਾਇਰੈਕਟਰ ਸਪੋਰਟਸ ਪੰਜਾਬ ਵੱਲੋਂ ਆਪਣੇ ਨਿਯਮਾਂ ਅਨੁਸਾਰ ਤਿਆਰ ਕੀਤੀ ਜਾਵੇਗੀ।

vi. ਅਪਾਹਜ ਕੋਟੇ ਅਧੀਨ ਰਾਖਵਾਂਕਰਨ ਪੰਜਾਬ ਸਰਕਾਰ,ਸਮਾਜਿਕ ਸੁਰੱਖਿਆ ਅਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਪੱਤਰ ਨੰ:10/26/95-5 ਐਸ ਐਸ/1252 ਮਿਤੀ 02.05.1997 ਅਨੁਸਾਰ ਹੋਵੇਗਾ।ਚਾਹਵਾਨ ਉਮੀਦਵਾਰ ਵਿਗਿਆਪਨ ਵਿੱਚ ਅਪਲਾਈ ਕਰਨ ਦੀ ਦਰਸਾਈ ਆਖਰੀ ਮਿਤੀ ਤੋ ਪਹਿਲਾਂ ਦਾ ਸਮਰੱਥ ਅਧਿਕਾਰੀ ਦੁਆਰਾ ਜਾਰੀ ਅਪਾਹਜ ਦਾ ਸਰਟੀਫਿਕੇਟ ਦਸਤਾਵੇਜ਼ਾ ਦੀ ਸਕਰੂਟਨੀ ਸਮੇਂ ਪੇਸ਼ ਕਰੇਗਾ,ਜਿਸ ਵਿਚ ਉਪਰਲੀ ਜਾਂ ਹੇਠਲੀ ਅੰਗਹੀਣਤਾ ਹੱਦ ਦੇ 40% ਸਥਾਈ/ਅੰਸ਼ਿਕ ਦਰਜ ਹੋਵੇ।ਇਸ ਸਰਟੀਫਿਕੇਟ ਵਿਚ ਸਿਵਲ ਰੁਜ਼ਗਾਰ/ਨਿਰਧਾਰਤ ਅਸਾਮੀ ਲਈ ਫਿੱਟ ਹੋਣਾ ਵੀ ਦਰਸਾਇਆ ਜਾਣਾ ਜ਼ਰੂਰੀ ਹੈ।ਇਹ ਸਰਟੀਫਿਕੇਟ ਜ਼ਿਲੇ ਦੇ ਸਿਵਲ ਸਰਜਨ ਜਾਂ ਉਨ੍ਹਾਂ ਵੱਲੋਂ ਅਧਿਕਾਰਤ ਮੈਡੀਕਲ ਅਫਸਰ ਵੱਲੋਂ ਜਾਰੀ ਕੀਤਾ ਹੋਵੇ।

28/2/2020

vii. ਰਾਖਵਾਂਕਰਨ ਦੀ ਨੀਤੀ ਪੰਜਾਬ ਸਰਕਾਰ ਦੀਆਂ ਸਮੇਂ-ਸਮੇਂ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਲਾਗੂ ਹੋਵੇਗੀ।

viii. ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਪੱਕੇ ਵਾਸੀਆਂ ਨੂੰ ਹੀ ਪ੍ਰਾਪਤ ਹੋਵੇਗਾ।

ix. ਉਮੀਦਵਾਰ ਦਸਵੀਂ ਪੱਧਰ ਦੀ ਪੰਜਾਬੀ ਪਾਸ ਹੋਵੇ।

x. ਪੁਰਸ਼ ਅਤੇ ਇਸਤਰੀ ਉਮੀਦਵਾਰਾਂ ਦੀ ਸਾਂਝੀ ਮੈਰਿਟ ਬਣਾਈ ਜਾਵੇਗੀ।

xi. ਇਸ ਵਿਗਿਆਪਨ ਨੂੰ ਕਿਸੇ ਵੀ ਕਾਰਨ ਰੱਦ ਕਰਨ ਦਾ ਅਧਿਕਾਰ ਵਿਭਾਗ ਪਾਸ ਹੋਵੇਗਾ।

xii. ਆਨਲਾਈਨ ਫਾਰਮ ਭਰਨ ਸਮੇਂ ਕਿਸੇ ਵੀ ਗਲਤੀ ਲਈ ਉਮੀਦਵਾਰ ਆਪ ਜਿੰਮੇਵਾਰ ਹੋਵੇਗਾ। ਸਿੱਖਿਆ ਭਰਤੀ ਡਾਇਰੈਕਟੋਰੇਟ ਪੰਜਾਬ ਦੀ ਇਸ ਸਬੰਧੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

xiii. ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰਾਂ ਨੂੰ ਸਾਈਬਰ ਕੈਫੇ ਅਟੈਂਡਟ ਦੀ ਮੱਦਦ ਲੈਣ ਸਮੇਂ ਆਪਣਾ ਫਾਰਮ ਆਪ ਭਰਨ ਦੀ ਸਲਾਹ ਦਿੱਤੀ ਜਾਂਦੀ ਹੈ। ਐਪਲੀਕੇਸ਼ਨ ਫਾਰਮ ਵਿੱਚ ਇੱਕ ਵਾਰ ਡਾਟਾ ਭਰਨ ਤੋਂ ਬਾਅਦ **Approve** ਕਰਨ ਤੋਂ ਬਾਅਦ ਉਸ ਵਿੱਚ ਕੋਈ ਤਬਦੀਲੀ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ ਅਤੇ ਨਾਂ ਹੀ ਕੋਈ ਹੋਰ ਮੌਕਾ ਦਿੱਤਾ ਜਾਵੇਗਾ। ਇਸ ਸਬੰਧੀ ਕਿਸੇ ਵੀ ਪ੍ਰਕਾਰ ਦੀ ਪ੍ਰਤੀ ਬੇਨਤੀ ਦਫ਼ਤਰ ਵੱਲੋਂ ਸਵੀਕਾਰ ਨਹੀਂ ਕੀਤੀ ਜਾਵੇਗੀ।

xiv. ਉਮੀਦਵਾਰ ਵੱਲੋਂ ਅਸਾਮੀ ਲਈ ਕੇਵਲ ਅਪਲਾਈ ਕਰਨ ਜਾਂ ਉਸ ਨੂੰ ਦਸਤਾਵੇਜਾਂ ਲਈ ਸਕਰੂਟਨੀ ਤੇ ਬੁਲਾਏ ਜਾਣ ਨਾਲ ਹੀ ਕੋਈ ਨਿਯੁਕਤੀ ਦਾ ਅਧਿਕਾਰ ਨਹੀਂ ਹੋਵੇਗਾ।

xv. ਇਸ ਭਰਤੀ ਸਬੰਧੀ ਸਿੱਖਿਆ ਭਰਤੀ ਡਾਇਰੈਕਟੋਰੇਟ ਪੰਜਾਬ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਅਤੇ ਸਭ ਤੇ ਲਾਗੂ ਹੋਵੇਗਾ।

xvi. ਉਮੀਦਵਾਰ ਵੱਲੋਂ ਆਪਣਾ ਮੋਬਾਇਲ ਨੰਬਰ,ਈ-ਮੇਲ ਪਤਾ, ਆਪਣਾ ਬੈਂਕ ਖਾਤਾ ਨੰਬਰ, ਬੈਂਕ ਦਾ IFSC, ਬ੍ਰਾਂਚ ਦਾ ਨਾਮ ਆਦਿ ਆਨ-ਲਾਈਨ ਅਪਲਾਈ ਕਰਨ ਸਮੇਂ ਫਾਰਮ ਵਿੱਚ ਭਰਿਆ ਜਾਵੇ।

xvii. ਪੰਜਾਬ ਦੇ ਵਸਨੀਕ ਵਿਕਲਾਂਗ ਉਮੀਦਵਾਰਾਂ ਵੱਲੋਂ ਉਪਰੋਕਤ ਅਨੁਸਾਰ ਉਹੀ ਫੀਸ ਜਮ੍ਹਾਂ ਕਰਵਾਈ ਜਾਵੇਗੀ, ਜਿਸ ਵਰਗ/ਸ਼੍ਰੇਣੀ ਨਾਲ ਸਬੰਧ ਰੱਖਦੇ ਹਨ। ਦਸਤਾਵੇਜਾਂ ਦੀ ਸਕਰੂਟਨੀ ਸਮੇਂ ਕੈਟਾਗਰੀ ਨਾਲ ਸਬੰਧਤ ਸਰਟੀਫਿਕੇਟ ਪੇਸ਼ ਕਰਨਾ ਲਾਜ਼ਮੀ ਹੋਵੇਗਾ।

xviii. ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਭਰਤੀ ਸਬੰਧੀ/ਬਾਨਾਂ ਚੰਗੀ ਤਰ੍ਹਾਂ ਨਾਲ ਪੜ੍ਹਨ ਉਪਰੰਤ ਆਪ ਖੁੱਦ ਅਪਲਾਈ ਕਰੇ ਅਤੇ ਉਨ੍ਹਾਂ ਨੂੰ ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਸ ਭਰਤੀ ਸਬੰਧੀ Latest Updates ਦੀ ਜਾਣਕਾਰੀ ਲਈ ਵਿਭਾਗ ਦੀ ਵੈਬਾਸਈਟ **www.educationrecruitmentboard.com**ਤੇ ਸਮੇਂ ਸਮੇਂ ਚੈੱਕ ਕਰਦੇ ਰਹਿਣ। ਉਮੀਦਵਾਰਾਂ ਨੂੰ ਕਿਸੇ ਕਿਸਮ ਦੀ ਜਾਣਕਾਰੀ ਵਿਭਾਗ ਦੀ ਵੈਬਸਾਈਟ ਤੇ ਉਪਲੱਬਧ ਕਰਵਾਈ ਜਾਇਆ ਕਰੇਗੀ। ਕਿਸੇ ਵੀ ਕਿਸਮ ਦੀ ਕੋਈ ਜਾਣਕਾਰੀ "ਪਬਲਿਕ ਨੋਟਿਸ" /ਹੋਰ ਜਾਣਕਾਰੀ ਅਖਬਾਰਾਂ ਵਿੱਚ ਪ੍ਰਕਾਸ਼ਿਤ ਨਹੀਂ ਕਰਵਾਇਆ ਜਾਵੇਗਾ।

**ਜਰੂਰੀ ਨੋਟ:-**

**ਉਮੀਦਵਾਰਾਂ ਦੀ ਵਿਦਿਅਕ/ਪ੍ਰੋਫੈਸਨਲ ਯੋਗਤਾਵਾਂ, PSTET-II ਸਰਟੀਫਕੇਟ ਅਪਲਾਈ ਕਰਨ ਦੀ ਆਖਰੀ ਮਿਤੀ ਦੇ ਜਾਂ ਪਹਿਲਾਂ ਦੇ ਬਣੇ ਹੋਣ। ਰਿਜ਼ਰਵੇਸ਼ਨ ਦਾ ਲਾਭ ਲੈਣ ਲਈ ਵੱਖ-ਵੱਖ ਕੈਟਾਗਰੀਆਂ ਦੇ ਸਰਟੀਫਿਕੇਟ ਜਿਵੇਂ ਐਸ.ਸੀ./ਐਸ.ਟੀ. , ਅੰਗਹੀਣ ਅਤੇ ਹੋਰ ਲੋੜੀਂਦੇ ਸਰਟੀਫਿਕੇਟ ਆਦਿ ਸਰਟੀਫਿਕੇਟ ਆਦਿ ਸਕਰੂਟਨੀ ਸਮੇਂ ਹੀ ਜਮ੍ਹਾਂ/ਚੈੱਕ ਕਰਵਾਉਣ ਉਪਰੰਤ ਮੰਨਣ ਯੋਗ ਹੋਣਗੇ। ਉਸ ਤੋਂ ਬਾਅਦ ਕਿਸੇ ਵੀ ਉਮੀਦਵਾਰ ਦੀ ਪ੍ਰਤੀ ਬੇਨਤੀ ਪ੍ਰਵਾਨ ਨਹੀਂ ਕੀਤੀ ਜਾਵੇਗੀ।**

28/2/2020

8. ਆਨਲਾਈਨ ਅਪਲਾਈ ਕਰਨ ਦੀ ਵਿੱਧੀ:-

**Online Process will start from 29.02.2020)**

1. ਵੈਬਾਸਈਟ**www.educationrecruitmentboard.com**
2. ਉਮੀਦਵਾਰ ਵੱਲੋਂ ਪਹਿਲਾਂ ਉਪਰੋਕਤ ਦਰਸਾਈ ਵੈਬਸਾਈਟ ਉੱਤੇ ਰਜਿਸਟ੍ਰੇਸ਼ਨ ਕਰਵਾਈ ਜਾਵੇਗੀ।ਰਜਿਸਟ੍ਰੇਸ਼ਨ ਕਰਵਾਉਣ ਲਈ ਇਸ ਵੈਬਸਾਈਟ ਉੱਤੇ ਦਿੱਤੇ ਲਿੰਕ **New Registration** ਤੇ **Click** ਕੀਤਾ ਜਾਵੇ ਅਤੇ ਮੰਗੀ ਗਈ ਜਾਣਕਾਰੀ ਭਰੀ ਜਾਵੇ।ਇੱਕ ਵਾਰ ਰਜਿਸਟ੍ਰੇਸ਼ਨ ਕਰਨ ਉਪਰੰਤ ਰਜਿਸਟ੍ਰੇਸ਼ਨ ਵਾਲੀ ਕੋਈ ਵੀ ਜਾਣਕਾਰੀ ਦੁਬਾਰਾ Update/Edit ਨਹੀਂ ਕੀਤੀ ਜਾਵੇਗੀ।
3. ਰਜਿਸਟ੍ਰੇਸ਼ਨ ਉਪਰੰਤ ਉਮੀਦਵਾਰ ਵੱਲੋਂ ਆਪਣੇ ਰਜਿਸਟ੍ਰੇਸ਼ਨ ਨੰਬਰ ਅਤੇ ਪਾਸਵਰਡ ਦੀ ਮੱਦਦ ਨਾਲ ਆਪਣੇ ਅਕਾਂਉਟ Login ਵਿੱਚ ਕੀਤਾ ਜਾਵੇਗਾ।ਉਮੀਦਵਾਰ ਵੱਲੋਂ Application Fee ਨਾਮ ਦੇ ਲਿਖ ਉੱਤੇ **Click** ਕਰਨ ਉਪਰੰਤ ਬੈਂਕ ਦੀ ਵੈਬਸਾਈਟ ਉੱਤੇ ਦਿੱਤੇ ਫਾਰਮ ਨੂੰ ਭਰਿਆ ਜਾਵੇਗਾ।ਫਾਰਮ ਵਿੱਚ ਰਜਿਸਟ੍ਰੇਸ਼ਨ ਨੰਬਰ, ਨਾਮ ਅਤੇ ਮੋਬਾਇਲ ਨੰਬਰ ਸਹੀ ਭਰਿਆ ਜਾਵੇ।ਉਮੀਦਵਾਰ ਵੱਲੋਂ ਫੀਸ ਭਰਨ ਲਈ ਚਲਾਨ ਜਨਰੇਟ ਕੀਤਾ ਜਾਵੇਗਾ ਅਤੇ ਪੰਜਾਬ ਨੈਸ਼ਨਲ ਬੈਂਕ ਦੀ ਕਿਸੇ ਵੀ ਬਰਾਂਚ ਵਿੱਚ ਫੀਸ ਜਮ੍ਹਾਂ ਕਰਵਾਈ ਜਾਵੇਗੀ।
4. ਫੀਸ ਦੀ Confirmation ਹੋਣ ਉਪਰੰਤ ਆਪਣੇ Application Form ਦਾ Print Out ਜਰੂਰ ਲਿਆ ਜਾਵੇ ਅਤੇ ਇਸਨੂੰ ਸੰਭਾਲ ਕੇ ਰੱਕਿਆ ਜਾਵੇ।ਇੱਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ Application Form ਜਾਂ ਕੋਈ ਹੋਰ ਦਸਤਾਵੇਜ਼ ਡਾਕ ਰਾਹੀਂ ਇਸ ਦਫ਼ਤਰ ਨੂੰ ਭੇਜਣ ਦੀ ਜਰੂਰਤ ਨਹੀਂ ਹੈ।ਕੋਈ ਵੀ ਦਸਤਾਵੇਜ਼, ਮੰਗੇ ਜਾਣ ਉਪਰੰਤ ਹੀ ਭੇਜਿਆ ਜਾਵੇ।
5. ਉਮੀਦਵਾਰ ਇੱਕ ਸਵੈ ਤਸਦੀਕੀ ਫੋਟੋ ਅਤੇ ਸਕੈਨ ਕੀਤੇ ਹਸਤਾਖਰ/ਦਸਤਖਤ ਆਨਲਾਈਨ ਅਪਲਾਈ ਕਰਨ ਸਮੇਂ ਅਪਲੋਡ ਕਰੇਗਾ।

ਜਰੂਰੀ ਤਰੀਕਾਂ:-

ਪਹਿਲਾਂ ਉਮੀਦਵਾਰ ਆਨਲਾਈਨ ਰਜਿਸਟ੍ਰੇਸ਼ਨ ਕਰੇਗਾ, ਜਿਸ ਦੀ ਆਖਰੀ ਮਿਤੀ 18.03.2020(ਸ਼ਾਮ 5.00 ਵਜੇ ਤੱਕ) ਹੋਵੇਗੀ।ਰਜਿਸਟ੍ਰੇਸ਼ਨ ਕਰਨਾ ਹੀ ਅਪਲਾਈ ਕਰਨ ਦੀ ਆਖਰੀ ਮਿਤੀ ਮੰਨੀ ਜਾਵੇਗੀ।

ਉਮੀਦਵਾਰ ਰਜਿਸਟ੍ਰੇਸ਼ਨ ਕਰਨ ਬਾਅਦ ਨਿਰਧਾਰਿਤ ਫੀਸ ਜਮ੍ਹਾਂ ਕਰਵਾਏਗਾ।ਬੈਂਕ ਵਿੱਚ ਫੀਸ ਜਮ੍ਹਾਂ ਕਰਵਾਉਣ ਅਤੇ ਜਮ੍ਹਾਂ ਕਾਰਵਾਈ ਗਈ ਫੀਸ ਦੀ Confirmation ਹੋਣ ਉਪਰੰਤ ਹੀ,ਉਮੀਦਵਾਰ ਆਪਣਾ Online Application Form ਭਰ ਸਕਦਾ ਹੈ, ਜਿਸ ਦੀ ਆਖਰੀ ਮਿਤੀ 20.03.2020(ਸ਼ਾਮ 5.00 ਵਜੇ ਤੱਕ) ਹੈ।

28/2/2020

ਡਾਇਰੈਕਟਰ,
ਸਿੱਖਿਆ ਭਰਤੀ ਡਾਇਰੈਟੋਰੇਟ
ਕਮ- ਡਾਇਰੈਕਟਰ ਜਨਰਲ ਸਕੂਲ ਸਿੱਖਿਆ,ਪੰਜਾਬ